ਰਾਗੁ ਸਾਰਗ ਚਉਪਦੇ ਮਹਲਾ ੧ ਘਰੁ ੧ ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥ ਅਪੁਨੇ ਠਾਕੁਰ ਕੀ ਹਉ ਚੇਰੀ ॥ ਚਰਨ ਗਹੇ ਜਗਜੀਵਨ ਪ੍ਰਭ ਕੇ ਹਉਮੈ ਮਾਰਿ ਨਿਬੇਰੀ ॥੧॥ ਰਹਾਉ ॥ ਪੂਰਨ ਪਰਮ ਜੋਤਿ ਪਰਮੇਸਰ ਪ੍ਰੀਤਮ ਪ੍ਰਾਨ ਹਮਾਰੇ ॥ ਮੋਹਨ ਮੋਹਿ ਲੀਆ ਮਨੁ ਮੇਰਾ ਸਮਝਸਿ ਸਬਦੁ ਬੀਚਾਰੇ ॥੧॥ ਮਨਮੁਖ ਹੀਨ ਹੋਛੀ ਮਤਿ ਝੂਠੀ ਮਨਿ ਤਨਿ ਪੀਰ ਸਰੀਰੇ ॥ ਜਬ ਕੀ ਰਾਮ ਰੰਗੀਲੈ ਰਾਤੀ ਰਾਮ ਜਪਤ ਮਨ ਧੀਰੇ ॥੨॥ ਹਉਮੈ ਛੋਡਿ ਭਈ ਬੈਰਾਗਨਿ ਤਬ ਸਾਚੀ ਸੁਰਤਿ ਸਮਾਨੀ ॥ ਅਕੁਲ ਨਿਰੰਜਨ ਸਿਉ ਮਨੁ ਮਾਨਿਆ ਬਿਸਰੀ ਲਾਜ ਲੁੋਕਾਨੀ ॥੩॥ ਭੂਰ ਭਵਿਖ ਨਾਹੀ ਤੁਮ ਜੈਸੇ ਮੇਰੇ ਪ੍ਰੀਤਮ ਪ੍ਰਾਨ ਅਧਾਰਾ ॥ ਹਰਿ ਕੈ ਨਾਮਿ ਰਤੀ ਸੋਹਾਗਨਿ ਨਾਨਕ ਰਾਮ ਭਤਾਰਾ ॥੪॥੧॥ {ਪੰਨਾ 1197}

ਪਦਅਰਥ:- ਠਾਕੁਰ ਕੀ—ਮਾਲਕ-ਪ੍ਰਭੂ ਦੀ। ਹਉ—ਮੈਂ। ਚੇਰੀ—ਦਾਸੀ। ਗਹੇ—ਫੜੇ। ਮਾਰਿ—ਮਾਰ ਕੇ। ਨਿਬੇਰੀ—ਮੁਕਾ ਦਿੱਤੀ ਹੈ।1। ਰਹਾਉ।

ਪੂਰਨ—ਸਭ ਵਿਚ ਵਿਆਪਕ। ਜੋਤਿ—ਚਾਨਣ ਦਾ ਸੋਮਾ। ਬੀਚਾਰੇ—ਬੀਚਾਰਿ, ਵਿਚਾਰ ਕੇ।1।

ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ। ਹੀਨ—ਕਮਜ਼ੋਰ, ਨਿਰਬਲ। ਹੋਛੀ—ਥੋੜ੍ਹ-ਵਿਤੀ। ਮਨਿ—ਮਨ ਵਿਚ। ਤਨਿ—ਤਨ ਵਿਚ। ਸਰੀਰੇ—ਸਰੀਰ ਵਿਚ। ਰਾਤੀ—ਰੰਗੀ ਗਈ। ਧੀਰੇ—ਧੀਰਜ ਧਾਰਦਾ ਹੈ।2।

ਬੈਰਾਗਨਿ—ਵੈਰਾਗ ਵਾਲੀ, ਮਾਇਆ ਤੋਂ ਉਪਰਾਮ। ਸਮਾਨੀ—ਲੀਨ ਰਹਿੰਦੀ ਹੈ। ਅਕੁਲ—ਜਿਸ ਦੀ ਕੋਈ ਖ਼ਾਸ ਕੁਲ ਨਹੀਂ। ਨਿਰੰਜਨ—{ਨਿਰ-ਅੰਜਨ। ਅੰਜਨ—ਕਾਲਖ, ਸੁਰਮਾ, ਮਾਇਆ ਦੇ ਮੋਹ ਦੀ ਕਾਲਖ} ਮਾਇਆ ਦੇ ਪ੍ਰਭਾਵ ਤੋਂ ਪਰੇ। ਲੋਕੁ—ਦੁਨੀਆ, ਜਗਤ। ਲੁੋਕਾਨੀ—ਜਗਤ ਦੀ। ਲੁੋਕਾਨੀ—{ਨੋਟ:- ਅੱਖਰ 'ਲ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ। ਅਸਲ ਲਫ਼ਜ਼ 'ਲੋਕਾਨੀ' ਹੈ, ਇਥੇ 'ਲੁਕਾਨੀ' ਪੜ੍ਹਨਾ ਹੈ} ਦੁਨੀਆ ਦੀ।3।

ਭੂਰ—ਬੀਤਿਆ ਹੋਇਆ ਸਮਾ, ਭੂਤ। ਭਵਿਖ—ਆਉਣ ਵਾਲਾ ਸਮਾ। ਅਧਾਰਾ—ਆਸਰਾ। ਨਾਮਿ—ਨਾਮ ਵਿਚ। ਸੋਹਾਗਨਿ—ਚੰਗੇ ਭਾਗਾਂ ਵਾਲੀ। ਭਤਾਰ—ਖਸਮ।4।

ਅਰਥ:- ਜਦੋਂ ਦੀ ਮੈਂ ਆਪਣੇ ਮਾਲਕ-ਪ੍ਰਭੂ ਦੀ ਦਾਸੀ ਬਣ ਗਈ ਹਾਂ, ਜਦੋਂ ਦੇ ਮੈਂ ਜਗਤ ਦੇ ਜੀਵਨ ਪ੍ਰਭੂ ਦੇ ਚਰਨ ਫੜੇ ਹਨ, ਉਸ ਨੇ ਮੇਰੀ ਹਉਮੈ ਮਾਰ ਕੇ ਮੁਕਾ ਦਿੱਤੀ ਹੈ।1। ਰਹਾਉ।

ਜਦੋਂ ਦਾ ਮੋਹਨ-ਪ੍ਰਭੂ ਨੇ ਮੇਰਾ ਮਨ (ਆਪਣੇ ਪਿਆਰ ਵਿਚ) ਮੋਹ ਲਿਆ ਹੈ ਤਦੋਂ ਤੋਂ ਮੇਰਾ ਮਨ ਗੁਰੂ ਦਾ ਸ਼ਬਦ ਵਿਚਾਰ ਵਿਚਾਰ ਕੇ ਇਹ ਸਮਝ ਰਿਹਾ ਹੈ, ਕਿ ਪਰਮੇਸਰ ਸਭ ਵਿਚ ਵਿਆਪਕ ਹੈ ਸਭ ਤੋਂ ਉੱਚਾ ਆਤਮਕ ਜੀਵਨ ਦਾ ਚਾਨਣ ਦੇਣ ਵਾਲਾ ਹੈ, ਮੇਰਾ ਪਿਆਰਾ ਹੈ ਅਤੇ ਮੇਰੀ ਜਿੰਦ (ਦਾ ਸਹਾਰਾ) ਹੈ।1।

ਜਿਤਨਾ ਚਿਰ ਮੈਂ ਆਪਣੇ ਮਨ ਦੇ ਪਿੱਛੇ ਤੁਰਦਾ ਰਿਹਾ, ਮੈਂ ਕਮਜ਼ੋਰ ਰਿਹਾ (ਵਿਕਾਰ ਮੇਰੇ ਉਤੇ ਜ਼ੋਰ ਪਾਂਦੇ ਰਹੇ), ਮੇਰੀ ਅਕਲ ਥੋੜ੍ਹ-ਵਿੱਤੀ ਰਹੀ, ਝੂਠ ਵਿਚ ਹੀ ਲੱਗੀ ਰਹੀ (ਇਸ ਕਾਰਨ) ਮੇਰੇ ਮਨ ਵਿਚ ਮੇਰੇ ਸਰੀਰ ਵਿਚ ਦੁੱਖ-ਕਲੇਸ਼ ਉੱਠਦੇ ਰਹੇ। ਪਰ ਜਦੋਂ ਤੋਂ ਮੈਂ ਰੰਗੀਲੇ ਰਾਮ (ਦੇ ਪਿਆਰ) ਵਿਚ ਰੰਗੀ ਗਈ ਹਾਂ, ਮੇਰਾ ਮਨ ਉਸ ਰਾਮ ਨੂੰ ਸਿਮਰ ਸਿਮਰ ਕੇ ਧੀਰਜ ਵਾਲਾ ਹੁੰਦਾ ਜਾ ਰਿਹਾ ਹੈ।2।

ਜਦੋਂ ਤੋਂ (ਠਾਕੁਰ-ਪ੍ਰਭੂ ਦੀ ਦਾਸੀ ਬਣ ਕੇ) ਮੈਂ ਹਉਮੈ ਤਿਆਗ ਕੇ ਮਾਇਆ-ਮੋਹ ਵਲੋਂ ਉਪਰਾਮ ਹੋ ਚੁਕੀ ਹਾਂ, ਤਦੋਂ ਤੋਂ ਮੇਰੀ ਸੁਰਤਿ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੀ ਯਾਦ ਵਿਚ ਲੀਨ ਰਹਿੰਦੀ ਹੈ; ਮੇਰਾ ਮਨ ਉਸ ਪ੍ਰਭੂ ਦੀ ਯਾਦ ਵਿਚ ਗਿੱਝਿਆ ਰਹਿੰਦਾ ਹੈ ਜੋ ਮਾਇਆ ਦੇ ਪ੍ਰਭਾਵ ਤੋਂ ਰਹਿਤ ਹੈ ਅਤੇ ਜਿਸ ਦੀ ਕੋਈ ਖ਼ਾਸ ਕੁਲ ਨਹੀਂ ਹੈ। (ਮੈਨੂੰ ਹਉਮੈ ਨਹੀਂ ਰਹੀ, ਇਸ ਵਾਸਤੇ) ਮੈਂ ਲੋਕ-ਲਾਜ (ਭੀ) ਭੁਲਾ ਬੈਠੀ ਹਾਂ।3।

ਹੇ ਮੇਰੇ ਪ੍ਰੀਤਮ! ਹੇ ਮੇਰੀ ਜਿੰਦ ਦੇ ਆਸਰੇ ਪ੍ਰਭੂ! ਹੁਣ ਮੈਨੂੰ ਤੇਰੇ ਵਰਗਾ ਕੋਈ ਨਹੀਂ ਦਿੱਸਦਾ, ਨਾਹ ਪਿਛਲੇ ਬੀਤੇ ਸਮਿਆਂ ਵਿਚ, ਨਾਹ ਹੁਣ, ਅਤੇ ਨਾਹ ਹੀ ਆਉਣ ਵਾਲੇ ਸਮਿਆਂ ਵਿਚ।

ਹੇ ਨਾਨਕ! (ਆਖ—) ਜਿਸ ਜੀਵ-ਇਸਤ੍ਰੀ ਨੇ ਪਰਮਾਤਮਾ ਨੂੰ ਆਪਣਾ ਖਸਮ ਮੰਨ ਲਿਆ ਹੈ, ਜੇਹੜੀ ਪ੍ਰਭੂ ਦੇ ਨਾਮ ਵਿਚ ਰੰਗੀ ਰਹਿੰਦੀ ਹੈ, ਉਹ ਚੰਗੇ ਭਾਗਾਂ ਵਾਲੀ ਬਣ ਜਾਂਦੀ ਹੈ।4।1।